# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :27-08-2025**

ਪੰਜਾਬ ਵਿੱਚ ਰਾਵੀ, ਬਿਆਸ ਅਤੇ ਸਤਲੁਜ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣ ਨਾਲ, ਸਰਹੱਦੀ ਸੂਬੇ ਦੇ ਕਈ ਹਿੱਸਿਆਂ ਵਿੱਚ ਮੁਸ਼ਕਲਾਂ ਪੈਦਾ ਹੋ ਗਈਆਂ ਨੇ । ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਗਿਆ ਏ ਅਤੇ ਫਸੇ ਹੋਏ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਣ ਲਈ ਬਚਾਅ ਅਤੇ ਰਾਹਤ ਕਾਰਜ ਜਾਰੀ ਨੇ । ਰਣਜੀਤ ਸਾਗਰ ਡੈਮ, ਪੌਂਗ ਅਤੇ ਭਾਖੜਾ ਡੈਮ ਤੋਂ ਨਿਯੰਤਰਿਤ ਮਾਤਰਾ ਵਿਚ ਪਾਈ ਛੜੇ ਜਾਣ ਨਾਲ, ਸਥਿਤੀ ਹੋਰ ਵੀ ਗੰਭੀਰ ਹੋ ਗਈ ਏ । ਸਾਰੇ ਸਰਕਾਰੀ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਨੇ ਅਤੇ ਸਕੂਲਾਂ ਵਿੱਚ 30 ਅਗਸਤ ਤੱਕ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਏ । ***ਹੋਰ ਵੇਰਵੇ ਨਾਲ ਇਕ ਰਿਪੋਰਟ***

---------------------------------------------------------------------------

ਉਧਰ ਜੰਮੂ ਕਸ਼ਮੀਰ ਦੇ ਕਟੜਾ ਵਿੱਚ ਵੈਸ਼ਨੋ ਦੇਵੀ ਮੰਦਰ ਨੂੰ ਜਾਣ ਵਾਲੇ ਰਸਤੇ ਵਿੱਚ ਭਾਰੀ ਬਾਰਿਸ਼ ਕਾਰਨ ਜ਼ਮੀਨ ਖਿਸਕਣ ਨਾਲ ਘੱਟੋ-ਘੱਟ 30 ਲੋਕਾਂ ਦੀ ਮੌਤ ਹੋ ਗਈ ਏ । ਰਿਆਸੀ ਦੇ ਸੀਨੀਅਰ ਪੁਲਿਸ

ਸੁਪਰਡੈਂਟ ਨੇ ਕਿਹਾ ਕਿ ਕੱਲ੍ਹ ਭਾਰੀ ਬਾਰਿਸ਼ ਕਾਰਨ ਵੈਸ਼ਨੋ ਦੇਵੀ ਮੰਦਰ ਦੇ ਨੇੜੇ ਜ਼ਮੀਨ ਖਿਸਕ ਗਈ ਸੀ । ਕੇਂਦਰੀ ਗ੍ਰਿਹਿ ਮੰਤਰੀ ਅਮਿਤ ਸ਼ਾਹ ਨੇ ਜ਼ਮੀਨ ਖਿਸਕਣ ਦੀ ਘਟਨਾ ਨੂੰ ਬਹੁਤ ਹੀ ਦੁਖਦਾਈ ਦੱਸਿਆ ਏ । ਉਨ੍ਹਾਂ ਨੇ ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਅਤੇ ਉਪ ਰਾਜਪਾਲ ਮਨੋਜ ਸਿਨਹਾ ਨਾਲ ਗੱਲ ਕੀਤੀ ਅਤੇ ਕੇਂਦਰ ਸਰਕਾਰ ਦਾ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ।

------------------------------------------------------------------------

ਗਣੇਸ਼ ਚਤੁਰਥੀ ਦਾ ਤਿਉਹਾਰ ਅੱਜ ਦੇਸ਼ ਭਰ ਵਿਚ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗਣੇਸ਼ ਚਤੁਰਥੀ ਦੇ ਸ਼ੁਭ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ।ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਹ ਤਿਉਹਾਰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਏ। ਭਗਵਾਨ ਗਣੇਸ਼ ਦੀ ਪੂਜਾ ਗਿਆਨ ਅਤੇ ਭਲਾਈ ਦੇ ਸਰੋਤ ਵਜੋਂ ਕੀਤੀ ਜਾਂਦੀ ਏ। ਰਾਸ਼ਟਰਪਤੀ ਨੇ ਕਿਹਾ ਕਿ ਲੋਕ ਨਵੀਂ ਸ਼ੁਰੂਆਤ ਅਤੇ ਰੁਕਾਵਟਾਂ ਨੂੰ ਦੂਰ ਕਰਨ ਲਈ ਭਗਵਾਨ ਗਣੇਸ਼ ਦਾ ਆਸ਼ੀਰਵਾਦ ਲੈਂਦੇ ਨੇ। ਪ੍ਰਧਾਨ ਮੰਤਰੀ ਮੋਦੀ ਨੇ ਵੀ ਦੇਸ਼ ਵਾਸੀਆਂ ਨੂੰ ਗਣੇਸ਼ ਚਤੁਰਥੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ

ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਾਮਨਾ ਕੀਤੀ ਕਿ ਇਹ ਸ਼ੁਭ ਮੌਕਾ ਹਰ ਕਿਸੇ ਦੇ ਜੀਵਨ ਨੂੰ ਸ਼ਰਧਾ ਅਤੇ ਵਿਸ਼ਵਾਸ ਨਾਲ ਭਰ ਦੇਵੇ ਅਤੇ ਖੁਸ਼ਖਬਰੀ ਲਿਆਵੇ। ਉਨ੍ਹਾਂ ਨੇ ਪ੍ਰਾਰਥਨਾ ਕੀਤੀ ਕਿ ਭਗਵਾਨ ਗਣੇਸ਼ ਆਪਣੇ ਭਗਤਾਂ 'ਤੇ ਖੁਸ਼ੀ, ਸ਼ਾਂਤੀ ਅਤੇ ਚੰਗੀ ਸਿਹਤ ਦੇ ਆਸ਼ੀਰਵਾਦ ਦੀ ਵਰਖਾ ਕਰਦੇ ਰਹਿਣ।

---------------------------------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਪੰਜਾਬ ਪੁਲਿਸ ਮੁਖੀ ਅਤੇ ਬਠਿੰਡਾ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰਜਿਸਟਰਾਰ ਨੂੰ ਜਿੰਬਾਬਵੇ ਦੇ ਇੱਕ ਵਿਦਿਆਰਥੀ ਦੀ ਹੱਤਿਆ ਦੇ ਮਾਮਲੇ ਵਿੱਚ ਨੋਟਿਸ ਜਾਰੀ ਕੀਤਾ ਏ । ਮੀਡੀਆ ਰਿਪੋਰਟਾਂ ਦਾ ਖੁਦ ਨੋਟਿਸ ਲੈਂਦੇ ਹੋਏ ਕਮਿਸ਼ਨ ਨੇ ਇਸ ਸਬੰਧੀ ਦੋ ਹਫ਼ਤਿਆਂ ਵਿਚ ਵਿਸਤਾਰਤ ਰਿਪੋਰਟ ਮੰਗੀ ਏ। ਮੀਡੀਆ ਰਿਪੋਰਟਾਂ ਵਿੱਚ ਦੱਸਿਆ ਗਿਆ ਏ ਕਿ ਜਿੰਬਾਬਵੇ ਦੇ ਵਿਦਿਆਰਥੀ ਤੇ ਪਿਛਲੇ ਹਫ਼ਤੇ ਕੁਝ ਲੋਕਾਂ ਨੇ ਹਮਲਾ ਕਰ ਦਿੱਤਾ ਸੀ ਤੇ ਬਾਅਦ ਵਿੱਚ ਬਠਿੰਡਾ ਦੇ ਏਮਜ਼ ਹਸਪਤਾਲ ਵਿਚ ਉਸ ਦੀ ਮੌਤ ਹੋ । ਕਮਿਸ਼ਨ ਨੇ ਕਿਹਾ ਏ ਕਿ ਜੇਕਰ ਇਹ ਘਟਨਾ ਸੱਚ ਏ ਤਾਂ ਇਹ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਏ

---------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ

ਤਾਮਿਲਨਾਡੂ ਦੀ 'ਮੁੱਖ ਮੰਤਰੀ ਨਾਸ਼ਤਾ ਯੋਜਨਾ' ਨੂੰ ਪੰਜਾਬ ਵਿੱਚ ਲਾਗੂ ਕਰਨ ਦੀਆਂ ਸੰਭਾਵਨਾਵਾਂ ਦੀ ਪੜਚੋਲ ਕੀਤੀ ਜਾਵੇਗੀ। ਸ਼ਹਿਰੀ ਖੇਤਰਾਂ ਵਿੱਚ ਇਸ ਯੋਜਨਾ ਦੇ ਵਿਸਥਾਰ ਦੀ ਸ਼ੁਰੂਆਤ ਕਰਨ ਲਈ ਆਯੋਜਿਤ ਇੱਕ ਸਮਾਗਮ ਵਿੱਚ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹੱਤਵਪੂਰਨ ਮੌਕੇ 'ਤੇ ਮੌਜੂਦ ਹੋਣਾ ਸਾਡੇ ਲਈ ਬਹੁਤ ਮਾਣ ਅਤੇ ਨਿੱਜੀ ਸੰਤੁਸ਼ਟੀ ਦੀ ਗੱਲ ਏ। ਮੁੱਖ ਮੰਤਰੀ ਨੇ ਤਾਮਿਲਨਾਡੂ ਦੇ ਲੋਕਾਂ, ਖਾਸ ਕਰਕੇ ਮੁੱਖ ਮੰਤਰੀ ਐਮ.ਕੇ. ਸਟਾਲਿਨ ਦਾ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸੱਦਾ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਸੱਦਾ ਨਾ ਸਿਰਫ਼ ਨਿੱਜੀ ਮਾਣ ਦਾ ਵਿਸ਼ਾ ਹੈ ਬਲਕਿ ਇਹ ਸਾਰੇ ਪੰਜਾਬੀਆਂ ਲਈ ਮਾਣ ਵਾਲਾ ਪਲ ਏ।

---------------------------------------------------------------------------------

-ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਬੀਤੀ ਸ਼ਾਮ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿਚ ਇੱਕ ਕੁੱਤੇ ਨੂੰ ਬੱਚੇ ਦਾ ਸਿਰ ਲੈ ਕੇ ਘੁੰਮਦਾ ਦਿਖਾਈ ਦੇਣ ਸਬੰਧੀ ਘਟਨਾ ਦੀ ਡੂੰਘਾਈ ਨਾਲ ਜਾਂਚ ਦੇ ਹੁਕਮ ਦਿੱਤੇ ਨੇ। ਘਟਨਾ ਦੀ ਸੂਚਨਾ ਮਿਲਣ ’ਤੇ ਡਾ. ਬਲਬੀਰ ਸਿੰਘ ਨੇ ਹਸਪਤਾਲ ਦੇ ਅਧਿਕਾਰੀਆਂ ਅਤੇ ਸਥਾਨਕ ਪੁਲਿਸ ਨੂੰ ਸਾਰੇ ਪਹਿਲੂਆਂ ਤੋਂ ਮਾਮਲੇ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤਾ ਗਿਆ ਬੱਚੇ ਦਾ ਸਿਰ ਜਾਂਚ ਲਈ ਫੋਰੈਂਸਿਕ ਟੀਮ ਨੂੰ

ਸੌਂਪ ਦਿੱਤਾ ਗਿਆ ਏ। ਰਾਜਿੰਦਰਾ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਦੀ ਮੁੱਢਲੀ ਰਿਪੋਰਟ ਮੁਤਾਬਕ ਹਾਲ ਹੀ ਵਿੱਚ ਜਨਮੇ ਸਾਰੇ ਬੱਚੇ ਵਾਰਡਾਂ ਵਿੱਚ ਮੌਜੂਦ ਹਨ ਅਤੇ ਹਸਪਤਾਲ ਵਿੱਚੋਂ ਕੋਈ ਵੀ ਨਵਜੰਮਿਆ ਬੱਚਾ ਗਾਇਬ ਨਹੀਂ ਏ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਹਸਪਤਾਲ ਵਿੱਚ ਤਿੰਨ ਬੱਚਿਆਂ ਦੀ ਮੌਤਾਂ ਰਿਪੋਰਟ ਕੀਤੀਆਂ ਗਈਆਂ ਸਨ, ਜਿਨ੍ਹਾਂ ਦੀਆਂ ਲਾਸ਼ਾਂ ਸਾਰੀਆਂ ਜ਼ਰੂਰੀ ਦਸਤਾਵੇਜ਼ੀ ਕਾਰਵਾਈਆਂ, ਦਸਤਖਤਾਂ ਦੇ ਰਿਕਾਰਡ ਸਮੇਤ, ਪੂਰੀਆਂ ਕਰਨ ਤੋਂ ਬਾਅਦ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀਆਂ ਗਈਆਂ ਸਨ।